ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਅਦਿੱਤਿਆ ਗੁਪਤਾ,
#29, ਫੇਸ-3, ਅਰਬਨ ਅਸਟੇਟ,
ਪਟਿਆਲਾ। ..........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:950 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ (98768-84444)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 16-05-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਾਮਾਗਾਟਾ ਮਾਰੂ ਫੰਕਸ਼ਨ ਮੌਕੇ ਖੇਡੇ ਗਏ ਨਾਟਕ "ਕਾਮਾਗਾਟਾ ਮਾਰੂ-1914 ਇੱਕ ਜ਼ਖਮੀ ਪਰਵਾਜ਼...." ਵਾਸਤੇ ਭਾਰਤ ਸਰਕਾਰ ਵੱਲੋਂ ਜਾਰੀ ਕੀਤੇ ਗਏ ਫੰਡਾਂ ਨੂੰ ਖਰਚੇ ਜਾਣ ਨਾਲ ਸਬੰਧਤ 3 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ ਨੇ ਪੱਤਰ ਨੰ:7363/ਐਸ-।।/384-18/ਆਰ.ਟੀ.ਆਈ. ਸੈੱਲ, ਮਿਤੀ 12-11-2018 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨ੍ਹਾਂ ਦੇ ਦਫ਼ਤਰ ਦੇ ਨੰ:7221/ਐਸ-।।/384-18/ਆਰ.ਟੀ.ਆਈ. ਸੈੱਲ, ਮਿਤੀ 02-11-2018 ਰਾਹੀਂ ਪਹਿਲਾਂ ਹੀ ਸ਼ਿਕਾਇਤਕਰਤਾ ਨੂੰ ਮੰਗੀ ਗਈ ਜਾਣਕਾਰੀ ਭੇਜੀ ਜਾ ਚੁੱਕੀ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਅੱਜ ਪੇਸ਼ੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ।ਇਸ ਕਰਕੇ ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਜੇਕਰ ਕੋਈ ਤਰੁੱਟੀ ਪਾਈ ਜਾਂਦੀ ਹੈ ਤਾਂ ਉਸ ਬਾਰੇ ਸਿੱਧੇ ਤੌਰ ਦੇ ਲਿਖਤੀ ਰੂਪ ਵਿੱਚ ਉੱਤਰਦਾਤਾ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 18-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 14 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰੂਪ ਲਾਲ ਇੰਸਾ,
ਗਲੀ ਤਾਰਾ ਚੰਦ,
ਮੰਡੀ ਹਰਜੀਰਾਮ,
ਮਲੋਟ-152107,
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। ..........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਡੀ.ਏ.ਵੀ. ਕਾਲਿਜ, ਮਲੋਟ,
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:951 ਆਫ਼ 2018**

**ਹਾਜ਼ਰ:-** 1) ਸ਼੍ਰੀ ਰੂਪ ਲਾਲ ਇੰਸਾ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਆਰ.ਐਸ. ਡਡਵਾਲ, ਐਡਵੋਕੇਟ (98550-41135)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-03-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਡੀ.ਏ.ਵੀ. ਕਾਲਿਜ, ਮਲੋਟ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-04-2010 ਤੋਂ 30-11-2017 ਤੱਕ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਵੱਲੋਂ ਅਵੇਲ ਕੀਤੀ ਗਈ ਮੈਡੀਕਲ ਛੁੱਟੀ ਨਾਲ ਸਬੰਧਤ 3 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਸ਼ਿਕਾਇਤਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਦੇ ਨੁਮਾਇੰਦੇ ਵੱਲੋਂ ਸ਼ਿਕਾਇਤਕਰਤਾ ਦੇ ਪੇਸ਼ੀ ਭਗਤ ਜਾਣ ਤੋਂ ਬਾਅਦ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਕੀਤਾ, ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਦੋਵੇਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 08-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 14 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਗੁਰਚਰਨ ਸਿੰਘ, (98788-32991)
ਪੁੱਤਰ ਸ਼੍ਰੀ ਜ਼ੋਰਾ ਸਿੰਘ,
ਪਿੰਡ ਸਫੀਪੁਰ ਕਲਾਂ,
ਡਾਕਖਾਨਾ ਕਮਾਲਪੁਰ,
ਥਾਣਾ ਦਿੜ੍ਹਬਾ, ਤਹਿਸੀਲ ਦਿੜ੍ਹਬਾ,
ਜਿਲ੍ਹਾ ਸੰਗਰੂਰ। ..........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ। ....... ਉੱਤਰਦਾਤਾ

**ਸ਼ਿਕਾਇਤ ਕੇਸ ਨੰ:959 ਆਫ਼ 2018**

**ਹਾਜ਼ਰ:-** 1) ਸ਼੍ਰੀ ਗੁਰਚਰਨ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-08-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਏ.ਐਸ.ਆਈ. ਸੁਸ਼ੀ ਕਪੂਰ ਅਤੇ ਐਚ.ਸੀ. ਤੇਜਿੰਦਰ ਸਿੰਘ ਦੇ ਖਿਲਾਫ ਇਸਤਗਾਸਾ ਨੰ:215, ਮਿਤੀ 06-10-2008 ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:108-ਅਪੀਲ/ਆਰ.ਟੀ.ਆਈ., ਮਿਤੀ 12-11-2018 ਰਾਹੀਂ ਜਵਾਬ ਪੇਸ਼ ਕਰਦੇ ਹੋਏ ਕਿਹਾ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਪ੍ਰਸ਼ਨਵਾਚਕ ਅਤੇ ਤੀਜੀ ਧਿਰ ਨਾਲ ਹੋਣ ਕਾਰਨ ਨਹੀਂ ਦਿੱਤੀ ਜਾ ਸਕਦੀ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਨੂੰ ਪੁੱਛਣ ਤੇ ਉਸ ਨੇ ਮੰਨਿਆ ਹੈ ਕਿ ਸਬੰਧਤ ਮੁਲਾਜ਼ਮ ਸੇਵਾ ਵਿੱਚ ਹਨ ਜਿਸ ਕਰਕੇ ਇਹ ਸੂਚਨਾ ਦੇਣੀ ਬਣਦੀ ਹੈ। ਹਾਜ਼ਰ ਉੱਤਰਦਾਤਾ ਨੇ ਸੂਚਨਾ ਦੇਣ ਲਈ ਸਹਿਮਤੀ ਦਿੱਤੀ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਉੱਤਰ ਸਹੀ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੋ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 08-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 14 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਨਿਤਿਨ ਡੋਗਰਾ, ਐਡਵੋਕੇਟ, (99881-15878)
ਚੈਂਬਰ ਨੰ:240,
ਜ਼ਿਲ੍ਹਾ ਕੋਰਟਸ ਕੰਪਲੈਕਸ,
ਪਠਾਨਕੋਟ। ..........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ,
ਜਲੰਧਰ ਡਿਵੀਜ਼ਨ-ਕਮ-
ਆਰਬੀਟਰੇਟਰ,
ਜਲੰਧਰ। ....... ਉੱਤਰਦਾਤਾ

**ਸ਼ਿਕਾਇਤ ਕੇਸ ਨੰ:961 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਕੋਈ ਨਹੀਂ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-04-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਜਲੰਧਰ ਡਿਵੀਜ਼ਨ-ਕਮ-ਆਰਬੀਟਰੇਟਰ, ਜਲੰਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਇੰਦਰਜੀਤ ਸਿੰਘ, ਜ਼ਿਲ੍ਹਾ ਜੱਜ, ਜਲੰਧਰ ਵੱਲੋਂ Arb./0100033/2010 "Union of India and Anr. Versus Surjit Singh and Ors.- ਕੇਸ ਵਿੱਚ ਮਿਤੀ 05-11/2011 ਨੂੰ ਪਾਸ ਕੀਤੇ ਗਏ ਹੁਕਮਾਂ ਅਨੁਸਾਰ ਕੀਤੀ ਗਈ ਕਾਰਵਾਈ ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਕਮਿਸ਼ਨ ਨੂੰ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 08-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 14 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜ਼ਸਕਰਨ ਸਿੰਘ, (97797-58191)
ਪੁੱਤਰ ਸ਼੍ਰੀ ਅਮਰਜੀਤ ਸਿੰਘ,
ਪਿੰਡ ਤੇ ਡਾਕਖਾਨਾ, ਹਸੈਨਪੁਰਾ,
ਤਹਿਸੀਲ ਮਲੇਰਕੋਟਲਾ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਐਸ.ਐਚ.ਓ., ਪੁਲਿਸ ਥਾਣਾ ਸੰਦੌੜ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

........ ਉੱਤਰਦਾਤਾ

**ਅਪੀਲ ਕੇਸ ਨੰ:3059 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-05-2018, ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਐਚ.ਓ., ਪੁਲਿਸ ਥਾਣਾ ਸੰਦੌੜ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪਿੰਡ ਹੁਸੈਨਪੁਰਾ ਦੀ ਸਰਪੰਚਨੀ ਸ਼੍ਰੀਮਤੀ ਕੁਲਵੰਤ ਕੌਰ, ਉਸ ਦੇ ਪਤੀ ਸ਼੍ਰੀ ਰਣਧੀਰ ਸਿੰਘ ਅਤੇ ਉਸ ਦੇ ਸਹੁਰੇ ਸ਼੍ਰੀ ਮੇਲਾ ਰਾਮ ਦੇ ਖਿਲਾਫ ਕੀਤੀ ਗਈ ਸ਼ਿਕਾਇਤ ਨਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਕਮਿਸ਼ਨ ਨੂੰ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:107-ਅਪੀਲ/ਆਰ.ਟੀ.ਆਈ., ਮਿਤੀ 12-11-2018 ਰਾਹੀਂ ਜਵਾਬ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨਾਂ ਵੱਲੋਂ ਮਿਤੀ 22-05-2018 ਨੂੰ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋਂ ਉਸ ਵੱਲੋ ਰਜਿਸਟਰੀ ਕਰਾਉਣ ਬਾਰੇ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਸਮੇਤ ਰਸੀਦ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 14 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਹਰਿੰਦਰ ਪਾਲ ਸਿੰਘ, (98153-44250)
ਪੁੱਤਰ ਸ਼੍ਰੀ ਦਲਬੀਰ ਸਿੰਘ,
ਮਕਾਨ ਨੰ: 278 ਨੇੜੇ ਪੁਰਾਣਾ ਤਲਾਬ,
ਹੀਰਾ ਮਹਿਲ ਕਲੌਨੀ,
ਨਾਭ, ਪਟਿਆਲਾ। ----- ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਿਵੀਜ਼ਨਲ ਕਮਿਸ਼ਨਰ,
ਪਟਿਆਲਾ ਡਿਵੀਜ਼ਨ ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ, ਡਾਇਰੈਕਟਰ, ਸਿੱਖਿਆ (ਸੈ:ਸਿੱ) ਪੰਜਾਬ,
ਮੁਹਾਲੀ ।

-----ਉੱਤਰਦਾਤਾ

**ਅਪੀਲ ਕੇਸ ਨੰ:3069 ਆਫ਼ 2018**

**ਹਾਜ਼ਰ:-**

1) ਸ਼੍ਰੀ ਹਰਿੰਦਰ ਪਾਲ ਸਿੰਘ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਬੀਰ ਸਿੰਘ, ਜੂਨੀਅਰ ਸਹਾਇਕ (99151-51600)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-04-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਵੀਜ਼ਨਲ ਕਮਿਸ਼ਨਰ,ਪਟਿਆਲਾ ਡਿਵੀਜ਼ਨ ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ "ਦੀ ਪੰਜਾਬ ਰੈਗੂਲੇਸ਼ਨ ਆਫ਼ ਫੀਸ ਆਫ ਅਨਏਡਿਡ ਇੰਸਟੀਚਿਓਸ਼ਨਸ ਬਿੱਲ-2016" ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸੁਖਬੀਰ ਸਿੰਘ, ਜੂਨੀਅਰ ਸਹਾਇਕ ਨੇ ਪੱਤਰ ਨੰ:ਜੀ.-4/1/2018/ਆਰ.ਟੀ.ਆਈ./106, ਮਿਤੀ 13-11-2018 ਰਾਹੀਂ ਅੱਜ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰ ਦਿੱਤੀ ਹੈ ਜ਼ੋ ਕਮਿਸ੍ਸਨ ਵੱਲੋਂ ਤਸੱਲੀਬਖਸ਼ ਪਾਈ ਗਈ ਹੈ। ਅਪੀਲਕਰਤਾ ਵੱਲੋਂ ਆਰ.ਟੀ.ਆਈ. ਮਿਤੀ 25-04-2018 ਰਾਹੀਂ ਸੂਚਨਾ ਦੀ ਮੰਗ ਕੀਤੀ ਗਈ ਸੀ। ਪਰੰਤੂ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਸੂਚਨਾ ਲੇਟ ਦਿੱਤੀ ਗਈ ਹੈ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਭਵਿੱਖ ਵਿੱਚ ਸੂਚਨਾ ਦਾ ਅਧਿਕਾਰ ਐਕਟ ਨਾਲ ਸਬੰਧਤ ਕੇਸਾਂ ਨੂੰ ਸਮੇਂ ਸਿਰ ਨਿਪਟਾਉਣ ਲਈ ਤਾੜਨਾ ਵੀ ਕੀਤੀ ਜਾਂਦੀ ਹੈ। ਇਸੇ ਅਨੁਸਾਰ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 14 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਡਾਕਟਰ ਅਜੈ ਠਾਕੁਰ,
ਮਕਾਨ ਨੰ:434, ਵਾਰਡ ਨੰ:2,
ਮਾਹਿਲਪੁਰ-146105. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ)ਪੰਜਾਬ,
ਸਿੱਖਿਆ ਭਵਨ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸਕੱਤਰ, ਉਚੇਰੀ ਸਿੱਖਿਆ, ਪੰਜਾਬ,
ਚੰਡੀਗੜ੍ਹ। ........ ਉੱਤਰਦਾਤਾ

**ਅਪੀਲ ਕੇਸ ਨੰ:3116 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ (82830-48559)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-11-2017, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ)ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪੰਜਾਬ ਵਿੱਚ ਏਡਿਡ ਕਾਲਿਜਾਂ ਵਿੱਚ ਸਹਾਇਕ ਪ੍ਰੋਫੈਸਰ ਦੀ ਆਸਾਮੀ ਲਈ ਯੋਗਤਾ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-02-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਸਮੇਂ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਕਮਿਸ਼ਨ ਨੂੰ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ ਨੇ ਪੱਤਰ ਨੰ:979, ਮਿਤੀ 12-11-2018 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਪੇਸ਼ ਕੀਤਾ ਹੈ ਜਿਸ ਰਾਹੀਂ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਜੇਕਰ ਕੋਈ ਤਰੁੱਟੀ ਪਾਈ ਜਾਂਦੀ ਹੈ ਤਾਂ ਉਸ ਬਾਰੇ ਸਿੱਧੇ ਤੌਰ ਦੇ ਲਿਖਤੀ ਰੂਪ ਵਿੱਚ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 02-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 14 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸ਼੍ਰੀਕ੍ਰਿਸ਼ਨ ਕੌਸ਼ਿਕ, (99150-43105)
ਪਿੰਸੀਪਲ (ਰਿਟਾਇਰਡ),
72 ਏ-ਐਸ, ਗਲੀ ਨੰ:2,
ਸੰਤ ਨਗਰ, ਪਟਿਆਲਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ)ਪੰਜਾਬ,
ਸਿੱਖਿਆ ਭਵਨ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ)ਪੰਜਾਬ,
ਸਿੱਖਿਆ ਭਵਨ, ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3135 ਆਫ਼ 2018**

**ਹਾਜ਼ਰ:-**

1) ਸ਼੍ਰੀ ਸ਼੍ਰੀਕ੍ਰਿਸ਼ਨ ਕੌਸ਼ਿਕ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਸੋਨੀਆ ਸੀਨੀਅਰ ਸਹਾਇਕ (98786-01357)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-05-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੇ ਜੀ.ਪੀ.ਐਫ. ਅਕਾਊਂਟ ਨੰ:ਟੀ-1105 ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਸੋਨੀਆ, ਸੀਨੀਅਰ ਸਹਾਇਕ ਨੇ ਪੱਤਰ ਨੰ:1242, ਮਿਤੀ 12-11-2018 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਰਤਾ ਨੂੰ ਪਹਿਲਾਂ ਸੂਚਨਾ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਦਿੱਤੀ ਗਈ ਸੂਚਨਾ ਬਿਨਾਂ ਹਸਤਾਖਰਾਂ ਅਤੇ ਬਿਨਾਂ ਸਟੈਂਪ ਤੋਂ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ।ਇਸ ਲਈ ਉਸ ਨੇ ਮੁਕੰਮਲ ਸੂਚਨਾ ਲਈ ਬੇਨਤੀ ਕੀਤੀ ਹੈ। ਇਸ ਉਪਰੰਤ ਹਾਜ਼ਰ ਉੱਤਰਦਾਤਾ ਵਲੋਂ ਕਿਹਾ ਗਿਆ ਹੈ ਕਿ ਅਪੀਲਕਰਤਾ ਉਨ੍ਹਾਂ ਦੇ ਦਫ਼ਤਰ ਜਾ ਕੇ ਲੋੜੀਂਦੀ ਸੂਚਨਾ ਪ੍ਰਾਪਤ ਕਰ ਸਕਦਾ ਹੈ। ਅਪੀਲਕਰਤਾ ਵੱਲੋਂ ਉੱਤਰਦਾਤਾ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟ ਕੀਤੀ ਗਈ ਹੈ। ਇਸ ਲਈ ਅਪੀਲਕਰਤਾ ਵੱਲੋਂ ਸੂਚਨਾ ਪ੍ਰਾਪਤ ਕੀਤੇ ਜਾਣ ਦੀ ਪੁਸ਼ਟੀ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 08-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 14 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਉੱਜਵਲ ਗੁਪਤਾ, (9876171794)
ਦਫ਼ਤਰ ਪੰਜਾਬ ਹਿਊਮੈਨ ਰਾਈਟਸ ਕਮਿਸ਼ਨ,
ਐਸ.ਸੀ.ਓ. ਨੰ:20-21-22,ਸੈਕਟਰ 34-ਏ,
ਚੰਡੀਗੜ੍ਹ। ----- ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਚੰਡੀਗੜ੍ਹ ਯੂਨੀਵਰਸਿਟੀ,
ਘੜੂੰਆਂ, ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਜਿਸਟਰਾਰ,
ਚੰਡੀਗੜ੍ਹ ਯੂਨੀਵਰਸਿਟੀ,
ਘੜੂੰਆਂ, ਜ਼ਿਲ੍ਹਾ ਮੁਹਾਲੀ। -----ਉੱਤਰਦਾਤਾ

**ਅਪੀਲ ਕੇਸ ਨੰ:3142 ਆਫ਼ 2018**

**ਹਾਜ਼ਰ:-**

1) ਸ਼੍ਰੀ ਉੱਜਵਲ ਗੁਪਤਾ, ਅਪੀਲਕਰਤਾ ।
2) ਉੱਤਰਦਾਤਾ ਵੱਲੋਂ ਸ਼੍ਰੀ ਬੰਤ ਸਿੰਘ, ਲੋਕ ਸੂਚਨਾ ਅਧਿਕਾਰੀ (98141-78992)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2018, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਚੰਡੀਗੜ੍ਹ ਯੂਨੀਵਰਸਿਟੀ, ਘੜੂੰਆਂ, ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਪਤਨੀ ਮਿਸ. ਤਨਾਸ਼ਾ ਗੁਪਤਾ (ਐਮ.ਸੀ.ਏ. 4 ਸਿਮੈਸਰ ਵਿਦਿਆਰਥਣ) ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 17-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਬੰਤ ਸਿੰਘ, ਲੋਕ ਸੂਚਨਾ ਅਧਿਕਾਰੀ ਨੇ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ CU/R/L/2018-19/005, ਮਿਤੀ 26-10-2018, ਜਿਸ ਦੀ ਇੱਕ ਕਾਪੀ ਕਮਿਸ਼ਨ ਨੂੰ ਵੀ ਭੇਜੀ ਹੋਈ ਹੈ, ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਉਸ ਵੱਲੋਂ ਮਿਸ. ਤਨਾਸ਼ਾ ਗੁਪਤਾ (ਐਮ.ਸੀ.ਏ. 4 ਸਿਮੈਸਰ ਵਿਦਿਆਰਥਣ) ਬਾਰੇ ਮੰਗੀ ਸੂਚਨਾ ਦਾ ਸਬੰਧ ਵਿਦਿਆਰਥਣ ਦੀ ਨਿੱਜਤਾ ਨਾਲ ਹੈ ਅਤੇ ਸੂਚਨਾ ਦਾ ਅਧਿਕਾਰ ਐਕਟ,2005 ਦੀ ਧਾਰਾ 8(1) ਤਹਿਤ ਉਸ ਨੂੰ ਸੂਚਨਾ ਨਹੀਂ ਦਿੱਤੀ ਜਾ ਸਕਦੀ। ਕਮਿਸ਼ਨ ਨੇ ਉੱਤਰਦਾਤਾ ਵੱਲੋ ਪੇਸ਼ ਕੀਤੇ ਗਏ ਉੱਤਰ ਨੂੰ ਤਸੱਲੀਬਖਸ਼ ਪਾਇਆ ਹੈ। ਇਸ ਤੋਂ ਇਲਾਵਾ ਇਹ ਅਪੀਲਕਰਤਾ ਦਾ ਆਪਣੀ ਪਤਨੀ ਨਾਲ ਨਿੱਜੀ ਰੰਜਿਸ਼ ਦਾ ਮਾਮਲਾ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 14 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਗੁਰਪਾਲ ਸਿੰਘ, (97818-00638)
ਮਕਾਨ ਨੰ:ਐਚ.ਐਲ.-638, ਫੇਸ-9,
ਮੁਹਾਲੀ। ----- ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬ ਨਰਸਿਜ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ, ਸੈਕਟਰ-69,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪੰਜਾਬ ਨਰਸਿਜ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ, ਸੈਕਟਰ-69,
ਮੁਹਾਲੀ। -----ਉੱਤਰਦਾਤਾ

**ਅਪੀਲ ਕੇਸ ਨੰ:3136 ਆਫ਼ 2018**

**ਹਾਜ਼ਰ:-**

1) ਸ਼੍ਰੀ ਗੁਰਪਾਲ ਸਿੰਘ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਮਿਨਾਕਸ਼ੀ, ਸੀਨੀਅਰ ਸਹਾਇਕ (98880-66127) ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-03-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬ ਨਰਸਿਜ ਰਜਿਸਟਰੇਸ਼ਨ ਕੌਂਸਿਲ, ਮੈਡੀਕਲ ਸਿੱਖਿਆ ਭਵਨ, ਸੈਕਟਰ-69, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪੰਜਾਬ ਨਰਸਿਜ ਰਜਿਸਟਰੇਸ਼ਨ ਕੌਂਸਿਲ ਦੇ ਦਰਜਾ-3 ਅਤੇ ਦਰਜਾ-4 ਵਿਰੁੱਧ ਪ੍ਰਾਪਤ ਹੋਈਆਂ ਸ਼ਿਕਾਇਤਾਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀਮਤੀ ਮਿਨਾਕਸ਼ੀ, ਸੀਨੀਅਰ ਸਹਾਇਕ ਨੇ ਸਮੇਂ ਦੀ ਮੰਗ ਕੀਤੀ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 18-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 14 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈਂਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਵੀ ਕੁਮਾਰ,
(ਆਰ.ਟੀ.ਆਈ. ਐਕਟੀਵਿਸਟ),
ਮਕਾਨ ਨੰ:107,
ਸੰਤਪੁਰਾ ਗੁਰੂਦਵਾਰਾ ਦੇ ਪਿਛਲੇ ਪਾਸੇ,
ਪਟਿਆਲਾ ਗੇਟ, ਸੰਗਰੂਰ। ----- ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। -----ਉੱਤਰਦਾਤਾ

**ਅਪੀਲ ਕੇਸ ਨੰ:3118 ਆਫ਼ 2018**

**ਹਾਜ਼ਰ:-**

1) ਸ਼੍ਰੀ ਰਵੀ ਕੁਮਾਰ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜ ਕੁਮਾਰ, ਕਲਰਕ (82849-21491)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-09-2017, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01-01-2012ਤ ਤੋਂ 31-07-2017 ਤੱਕ ਬਾਬੂ ਨਾਨਕ ਚੰਦ ਕਾਲੜਾ ਚੈਰੀਟੇਬਲ ਟਰੱਸਟ, ਸੰਗਰੂਰ ਵਿੱਚ ਚੱਲ ਰਹੀ ਲਾਇਬ੍ਰੇਰੀ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਰਾਜ ਕੁਮਾਰ, ਕਲਰਕ ਨੇ ਪੱਤਰ ਨੰ:2468, ਮਿਤੀ 13-11-2018 ਰਾਹੀਂ ਕੁੱਝ ਸੂਚਨਾ ਅਪੀਲਕਰਤਾ ਨੂੰ ਅੱਜ ਪੇਸ਼ੀ ਦੌਰਾਨ ਦਸਤੀ ਦੇ ਦਿੱਤੀ ਹੈ ਬਾਕੀ ਸੂਚਨਾ ਕੱਲ੍ਹ ਨੂੰ ਮੁਹੱਈਆ ਕਰਾਉਣ ਦਾ ਭਰੋਸਾ ਦਿੱਤਾ ਗਿਆ ਹੈ। ਅਪੀਲਕਰਤਾ ਵੱਲੋਂ ਬਾਕੀ ਰਹਿੰਦੀ ਸੂਚਨਾ ਪ੍ਰਾਪਤ ਕੀਤੇ ਜਾਣ ਦੀ ਪੁਸ਼ਟੀ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 08-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 14 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ...........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2134 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਮੇਸ਼ ਕੁਮਰ, ਕਾਰਜ ਸਾਧਕ ਅਫਸਰ (62398-03551)।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਮੇਸ਼ ਕੁਮਰ, ਕਾਰਜ ਸਾਧਕ ਅਫਸਰ ਵੱਲੋਂ ਪੱਤਰ ਨੰ:3152/ਪੀ.ਆਈ.ਓ., ਮਿਤੀ 12-11-2018, ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਸੰਬੋਧਿਤ ਹੈ, ਰਾਹੀਂ ਆਪਣਾ ਜਵਾਬ ਪੇਸ਼ ਕੀਤਾ ਗਿਆ ਹੈ ਜ਼ੋ ਕਿ ਸਹੀ ਨਹੀਂ ਹੈ।ਇਸ ਪੱਤਰ ਤੋਂ ਇਹ ਸਪੱਸ਼ਟ ਨਹੀਂ ਹੰਦਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਜਾਣਕਾਰੀ ਤੀਜੀ ਧਿਰ ਨਾਲ ਸਬੰਧਤ ਕਿਵੇਂ ਬਣਦੀ ਹੈ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 08-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 14 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2069 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀ।
2) ਉੱਤਰਦਾਤਾ ਵੱਲੋਂ ਵੀ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਹੀ ਸੂਚਨਾ ਭੇਜੀ ਗਈ ਹੈ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ** 08-01-2019 **ਨੂੰ ਸਵੇਰੇ** 11-30 **ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 14 **ਨਵੰਬਰ,** 2018. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2070 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀ।
2) ਉੱਤਰਦਾਤਾ ਵੱਲੋਂ ਵੀ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 08-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 14 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸਚਿਨ ਸਿੰਗਲ,
ਮਕਾਨ ਨੰ:4716, ਮੁਹੱਲਾ ਭੋਗਿਆ,
ਨੇੜੇ ਲਪੇਸ਼ਾਹ ਚੌਕ,
ਜਗਰਾਓਂ, ਜ਼ਿਲ੍ਹਾ ਲੁਧਿਆਣਾ। ...........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਫੇਸ-8, ਐਸ.ਏ.ਐਸ. ਨਗਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:921 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ (82830-38959)।

**ਹਕਮ:**

ਸ਼ਿਕਾਇਤਕਰਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ, ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 12-11-2018 ਦੀ ਪਾਲ!ਣਾ ਹਿੱਤ ਮਹੀਨਾ ਜੂਨ, ਜੁਲਾਈ, ਅਗਸਤ, ਸਤੰਬਰ ਅਤੇ ਅਕਤੂਬਰ, 2018 ਨਾਲ ਸਬੰਧਤ ਆਰ.ਟੀ.ਆਈ. ਪ੍ਰਾਪਤੀ ਰਜਿਸਟਰ ਲੈ ਕੇ ਪੇਸ਼ ਹੋਇਆ ਹੈ। ਇਸ ਰਜਿਸਟਰ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਨਾਲ ਸਬੰਧਤ ਪੱਤਰ ਮਿਤੀ 26-06-2018 ਨੂੰ ਡਾਇਰੀ ਨੰ:156 ਨਾਲ ਰਜਿਸਟਰ ਹੋਇਆ ਹੈ। ਸਬੰਧਤ ਕਰਮਚਾਰੀ ਨੇ ਮੰਨਿਆ ਹੈ ਕਿ ਇਹ ਪੱਤਰ ਡਾਇਰੀ ਹੋਇਆ ਹੈ ਪਰ ਦਫਤਰ ਵਿੱਚ ਉਪਲਬਧ ਨਹੀਂ ਹੋ ਰਿਹਾ। ਇਸ ਲਈ ਸਬੰਧਤ ਕਰਮਚਾਰੀ ਵੱਲੋ ਬੇਨਤੀ ਕੀਤੀ ਗਈ ਹੈ ਕਿ ਉਸ ਨੂੰ ਪੱਤਰ ਦੀ ਭਾਲ ਕਰਨ ਲਈ ਮੌਕਾ ਦਿੱਤਾ ਜਾਵੇ। ਸਬੰਧਤ ਕਰਮਚਾਰੀ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 08-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 14 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**